# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 09-01-2025**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 2047 ਤੱਕ ਦੇਸ਼ ਨੂੰ ਇੱਕ ਵਿਕਸਤ ਰਾਸ਼ਟਰ ਵਿੱਚ ਬਦਲਣ ਵਿੱਚ ਭਾਰਤੀ ਪ੍ਰਵਾਸੀਆਂ ਦੀ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੱਤਾ ਏ। ਓਡੀਸ਼ਾ ਦੇ ਭੁਵਨੇਸ਼ਵਰ ਵਿਖੇ 18ਵੇਂ ਪ੍ਰਵਾਸੀ ਭਾਰਤੀ ਦਿਵਸ ਸੰਮੇਲਨ ਦਾ ਉਦਘਾਟਨ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਵਿਸ਼ਵਵਿਆਪੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਅਤੇ ਭਾਰਤ ਦੀ ਵਿਕਾਸ ਕਹਾਣੀ ਵਿੱਚ ਯੋਗਦਾਨ ਲਈ ਪ੍ਰਵਾਸੀਆਂ ਦੀ ਸ਼ਲਾਘਾ ਕੀਤੀ।

ਉਨ੍ਹਾਂ ਨੇ ਵਿਸ਼ਵ ਵਿੱਚ ਦੇਸ਼ ਦੇ ਰਾਜਦੂਤਾਂ ਵਜੋਂ ਸੇਵਾ ਕਰਨ ਲਈ ਭਾਰਤੀ ਪ੍ਰਵਾਸੀਆਂ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ, ਭਾਰਤੀ ਪ੍ਰਵਾਸੀਆਂ ਨੇ ਵਿਸ਼ਵ ਭਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਏ ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਦੇਸ਼ ਨੂੰ ਮਾਣ ਦਿਵਾਉਂਦੀਆਂ ਨੇ। ਪ੍ਰਧਾਨ ਮੰਤਰੀ ਮੋਦੀ ਨੇ

ਪ੍ਰਵਾਸੀਆਂ ਲਈ ਵਿਸ਼ਵਵਿਆਪੀ ਸਨਮਾਨ ਪ੍ਰਾਪਤ ਕਰਨ ਵਿੱਚ ਭਾਰਤੀ ਕਦਰਾਂ-ਕੀਮਤਾਂ ਦੀ ਭੂਮਿਕਾ ਤੇ ਵੀ ਚਾਨਣਾ ਪਾਇਆ । ਉਨ੍ਹਾਂ ਕਿਹਾ, ਪਿਛਲੇ ਦਸ ਸਾਲਾਂ ਵਿੱਚ, ਉਹ ਕਈ ਆਲਮੀ ਨੇਤਾਵਾਂ ਨੂੰ ਮਿਲੇ ਨੇ। ਦੁਨੀਆ ਦਾ ਹਰ ਨੇਤਾ ਭਾਰਤੀ ਪ੍ਰਵਾਸੀਆਂ ਦੀ ਸ਼ਲਾਘਾ ਕਰਦਾ ਏ। ਭਾਰਤ ਦੇ ਲੋਕਤੰਤਰੀ ਸਿਧਾਂਤਾਂ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ, ਭਾਰਤ ਸਿਰਫ਼ 'ਲੋਕਤੰਤਰ ਦੀ ਮਾਂ' ਨਹੀਂ ਹੈ, ਸਗੋਂ ਲੋਕਤੰਤਰ ਸਾਡੇ ਜੀਵਨ ਢੰਗ ਵਿੱਚ ਵੀ ਸ਼ਾਮਲ ਏ।

**Byte**

ਸਮਾਗਮ ਦੇ ਮੁੱਖ ਮਹਿਮਾਨ ਅਤੇ ਤ੍ਰਿਨੀਦਾਦ ਅਤੇ ਟੋਬੈਗੋ ਗਣਰਾਜ ਦੇ ਰਾਸ਼ਟਰਪਤੀ, ਕ੍ਰਿਸਟੀਨ ਕਾਰਲਾ ਕੰਗਾਲੂ ਨੇ ਵੀ ਇਸ ਸਮਾਗਮ ਵਿੱਚ ਪ੍ਰਵਾਸੀਆਂ ਨੂੰ ਵਰਚੁਅਲੀ ਸੰਬੋਧਨ ਕੀਤਾ।

-----------------------------------------------------------

ਪੰਜਾਬ ’ਚ ਨਿਵੇਸ਼ ਨੂੰ ਉਤਸ਼ਾਹਿਤ ਕਰਕੇ ਸੂਬੇ ਨੂੰ ਉਦਯੋਗਿਕ ਹੱਬ ਵਜੋਂ ਵਿਕਸਿਤ ਕਰਨ ਦੇ ਮਕਸਦ ਨਾਲ ਪੰਜਾਬ ਦੇ ਪੂੰਜੀ ਨਿਵੇਸ਼ ਪ੍ਰੋਤਸਾਹਨ ਅਤੇ ਉਦਯੋਗ ਤੇ ਵਪਾਰ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ

ਨਵੀਂ ਦਿੱਲੀ ਵਿਖੇ ਰਾਸ਼ਟਰੀ ਤੇ ਅੰਤਰ-ਰਾਸ਼ਟਰੀ ਪੱਧਰ ਦੀਆਂ ਵੱਖ-ਵੱਖ ਕੰਪਨੀਆਂ ਦੇ ਸੀ.ਈ.ਓਜ਼ ਅਤੇ ਪ੍ਰਤੀਨਿਧਾਂ ਨਾਲ ਅਹਿਮ ਮੀਟਿੰਗ ਕੀਤੀ ਗਈ । ਸੂਚਨਾ ਤਕਨੀਕ, ਮਸ਼ੀਨੀ ਬੁੱਧੀਮਾਨਤਾ (ਏ.ਆਈ), ਬੁਨਿਆਦੀ ਢਾਂਚਾ, ਬਾਗਬਾਨੀ, ਹੈਲਥ ਅਤੇ ਹੋਰ ਅਹਿਮ ਖੇਤਰਾਂ ਵਿਚ ਰਾਸ਼ਟਰੀ ਤੇ ਅੰਤਰ-ਰਾਸ਼ਟਰੀ ਪੱਧਰ ਦੀਆਂ ਨਾਮਵਰ ਕੰਪਨੀਆਂ ਦੇ ਸੀ.ਈ.ਓਜ਼ ਅਤੇ ਪ੍ਰਤੀਨਿਧਾਂ ਵੱਲੋਂ ਪੰਜਾਬ ਸਰਕਾਰ ਦੇ ਨਿਵੇਸ਼ ਪ੍ਰੋਤਸਾਹਨ ਲਈ ਉਠਾਏ ਜਾ ਰਹੇ ਕਦਮਾਂ ਪ੍ਰਤੀ ਉਸਾਰੂ ਹੁੰਗਾਰਾ ਭਰਦਿਆਂ ਸੂਬੇ ਵਿਚ ਆਪੋ-ਆਪਣੇ ਨਿਵੇਸ਼ ਪ੍ਰਸਤਾਵ ਪੰਜਾਬ ਸਰਕਾਰ ਨੂੰ ਜਲਦ ਸੌਂਪਣ ਦਾ ਭਰੋਸਾ ਦਿੱਤਾ ਗਿਆ ਏ । ਮੀਟਿੰਗ ਨੂੰ ਸੰਬੋਧਨ ਕਰਦਿਆਂ ਮੰਤਰੀ ਸੌਂਦ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਸੂਚਨਾ ਤਕਨਾਲੋਜੀ ਨੀਤੀ ਤਿਆਰ ਹੋ ਚੁੱਕੀ ਏ ਜਿਸ ਨੂੰ ਆਉਂਦੀ 31 ਮਾਰਚ ਤੋਂ ਪਹਿਲਾਂ-ਪਹਿਲਾਂ ਕੈਬਨਿਟ ਵੱਲੋਂ ਮਨਜ਼ੂਰੀ ਮਿਲ ਜਾਵੇਗੀ । ਉਨਾਂ ਕਿਹਾ ਕਿ ਇਹ ਨੀਤੀ ਬਹੁਤ ਅਧਿਐਨ ਤੇ ਵਿਚਾਰ ਵਟਾਂਦਰੇ ਤੋਂ ਬਾਅਦ ਤਿਆਰ ਕੀਤੀ ਗਈ ਏ ਜਿਸ ਨਾਲ ਸੂਬੇ ਦੇ ਆਈ.ਟੀ.ਖੇਤਰ ਵਿਚ ਵੱਡੇ ਪੈਮਾਨੇ ’ਤੇ ਉਸਾਰੂ ਤਬਦੀਲੀ ਆਵੇਗੀ । ਉਨ੍ਹਾਂ ਇਹ ਵੀ ਕਿਹਾ ਕਿ

ਪੰਜਾਬ ਸਰਕਾਰ ਵੱਲੋਂ ਨੇੜ ਭਵਿੱਖ ਵਿਚ ਹੁਨਰ ਵਿਕਾਸ ਨੂੰ ਸਮੇਂ ਦੀ ਲੋੜ ਅਨੁਸਾਰ ਵਿਕਸਿਤ ਕਰਨ ਵੱਲ ਪੂਰੀ ਤਵੱਜੋ ਦਿੱਤੀ ਜਾ ਰਹੀ ਏ।

-------------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਬਠਿੰਡਾ ਅਰਬਨ ਦੇ ਪਿੰਡ ਭੋਖੜਾ ਅਤੇ ਪਿੰਡ ਬਾਜਕ ਵਿਖੇ ਸਥਿਤ ਆਂਗਣਵਾੜੀ ਕੇਂਦਰਾਂ ਦੀ ਅਚਨਚੇਤ ਚੈਕਿੰਗ ਕੀਤੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਬਠਿੰਡਾ ਅਰਬਨ ਦੇ ਪਿੰਡ ਵਿਖੇ ਆਂਗਣਵਾੜੀ ਸੈਂਟਰ ਵਿੱਚ ਪੂਰਕ ਪੋਸ਼ਣ ਪ੍ਰੋਗਰਾਮ ਦੇ ਰਿਕਾਰਡ ਦੀ ਬਾਰੀਕੀ ਨਾਲ ਜਾਂਚ ਕੀਤੀ। ਇਸ ਤੋਂ ਇਲਾਵਾ ਐਸ.ਐਨ.ਪੀ. ਲਾਭਪਾਤਰੀਆਂ ਅਤੇ ਬਜ਼ੁਰਗਾਂ ਨਾਲ ਪੈਨਸ਼ਨ ਸਬੰਧੀ ਵੀ ਗੱਲਬਾਤ ਕੀਤੀ ਅਤੇ ਮਹਿਲਾ ਲਾਭਪਾਤਰੀਆਂ ਨਾਲ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਸਬੰਧੀ ਸਮੀਖਿਆ ਕੀਤੀ ਗਈ। ਕੈਬਨਿਟ ਮੰਤਰੀ ਨੇ ਅੱਗੇ ਦੱਸਿਆ ਕਿ ਪਿੰਡ ਬਾਜਕ ਵਿਖੇ ਨਰੇਗਾ ਦੇ ਸਹਿਯੋਗ ਨਾਲ ਬਣਾਈ ਗਈ ਆਂਗਣਵਾੜੀ ਸੈਂਟਰ ਦੀ ਬਿਲਡਿੰਗ ਦਾ ਦੋਰਾ ਕੀਤਾ। ਪੂਰਕ ਪੋਸ਼ਣ ਪ੍ਰੋਗਰਾਮ (ਐਸ.ਐਨ.ਪੀ)

ਦੀ ਗੁਣਵੱਤਾ ਦਾ ਮੁਲਾਂਕਣ ਕਰਨ ਲਈ ਬੱਚਿਆਂ, ਗਰਭਵਤੀ ਮਹਿਲਾਵਾਂ ਅਤੇ ਦੁੱਧ ਚੁੰਘਾਉਣ ਵਾਲੀਆਂ ਮਾਵਾਂ ਸਮੇਤ ਲਾਭਪਾਤਰੀਆਂ ਨਾਲ ਗੱਲਬਾਤ ਕੀਤੀ।

---------------------------------------------------------

ਸਰਦੀ ਦੇ ਮੌਸਮ ਵਿੱਚ ਧੁੰਦ ਕਾਰਨ ਹੋਣ ਵਾਲੇ ਹਾਦਸਿਆਂ ਵਿੱਚ ਅਜਾਈਂ ਜਾਣ ਵਾਲੀਆਂ ਕੀਮਤੀ ਜਾਨਾਂ ਨੂੰ ਬਚਾਉਣ ਲਈ ਏ.ਡੀ.ਜੀ.ਪੀ, ਪੀ.ਏ.ਪੀ. , ਐਮ.ਐਫ. ਫਾਰੂਕੀ ਨੇ ਸੂਬੇ ਦੇ ਲੋਕਾਂ ਨੂੰ ਰਾਤ ਦੇ ਸਫ਼ਰ ਕਰਨ ਤੋਂ ਗੁਰੇਜ਼ ਕਰਨ ਦੀ ਅਪੀਲ ਕੀਤੀ ਏ। ਉਨ੍ਹਾਂ ਕਿਹਾ ਕਿ ਰਾਤ ਵੇਲੇ ਧੁੰਦ ਵਧੇਰੇ ਹੋਣ ਨਾਲ ਵਿਜ਼ੀਬਿਲਟੀ ਘਟ ਜਾਣ ਕਰਕੇ ਹਾਦਸਿਆਂ ਦਾ ਖ਼ਤਰਾ ਵਧ ਜਾਂਦਾ ਏ। ਉਨ੍ਹਾਂ ਕਿਹਾ ਕਿ ਜੇਕਰ ਬਹੁਤ ਜ਼ਰੂਰੀ ਹੋਵੇ ਤਾਂ ਹੀ ਰਾਤ ਸਮੇਂ ਸਫ਼ਰ ਕੀਤਾ ਜਾਵੇ। ਰਾਤ ਸਮੇਂ ਵਾਹਨ ਚਲਾਉਂਦਿਆਂ ਪੂਰੀ ਸਾਵਧਾਨੀ ਵਰਤਣ ’ਤੇ ਜ਼ੋਰ ਦਿੰਦਿਆਂ ਏ.ਡੀ.ਜੀ.ਪੀ. ਨੇ ਕਿਹਾ ਕਿ ਹੌਰਨ ਦੀ ਯੋਗ ਵਰਤੋਂ ਕੀਤੀ ਜਾਵੇ ਅਤੇ ਸੜਕ ’ਤੇ ਵਾਹਨ ਖ਼ਰਾਬ ਹੋਣ ਦੀ ਸੂਰਤ ਵਿੱਚ ਸੜਕ ਸੁਰੱਖਿਆ ਫੋਰਸ ਦੀ ਮਦਦ ਲਈ ਜਾਵੇ ਤਾਂ ਜੋ ਖ਼ਰਾਬ ਵਾਹਨ ਦੀ ਬੈਰੀਕੇਟਿੰਗ ਆਦਿ ਕੀਤੀ ਜਾ ਸਕੇ।

---------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਸੰਗਰੂਰ ਜ਼ਿਲ੍ਹੇ ਦੇ ਬਲਾਕ ਮੂਨਕ ਵਿਖੇ ਬਲਾਕ ਵਿਕਾਸ ਤੇ ਪੰਚਾਇਤ ਦਫ਼ਤਰ ਵਿਖੇ ਤਾਇਨਾਤ ਪੰਚਾਇਤ ਸਕੱਤਰ ਪ੍ਰਿਥਵੀ ਸਿੰਘ ਨੂੰ 20 ਹਜ਼ਾਰ ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਏ। ਇਸ ਕੇਸ ਵਿੱਚ ਖੇਤਰੀ ਡਿਪਟੀ ਡਾਇਰੈਕਟਰ, ਲੋਕਲ ਫੰਡ ਆਡਿਟ, ਪਟਿਆਲਾ ਦੇ ਦਫ਼ਤਰ ਵਿੱਚ ਤਾਇਨਾਤ ਆਡਿਟ ਇੰਸਪੈਕਟਰ ਦਵਿੰਦਰ ਬਾਂਸਲ ਨੂੰ ਵੀ ਨਾਮਜ਼ਦ ਕੀਤਾ ਗਿਆ ਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਪਿੰਡ ਮਹਾਂ ਸਿੰਘ ਵਾਲਾ, ਮੂਨਕ ਵਾਸੀ ਗੁਰਵਿੰਦਰ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫਤਾਰ ਕੀਤਾ ਗਿਆ ਏ ਜੋ ਕਿ ਸਾਬਕਾ ਸਰਪੰਚ ਦਾ ਪਤੀ ਏ। ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਪੜਤਾਲ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਪੰਚਾਇਤ ਸਕੱਤਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ ਰਿਸ਼ਵਤ ਦੀ

ਰਕਮ ਹਾਸਲ ਕਰਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਏ। ਮਾਮਲੇ ਦੀ ਹੋਰ ਤਫਤੀਸ਼ ਜਾਰੀ ਏ।

------------------------------------------------------------

ਪੰਜਾਬ ਅਤੇ ਚੰਡੀਗੜ੍ਹ ਦੇ ਲੋਕਾਂ ਨੂੰ ਸੀਤ ਲਹਿਰ ਅਤੇ ਸੰਘਣੀ ਧੁੰਦ ਦਾ ਸਾਹਮਣਾ ਕਰਨਾ ਪੈ ਰਿਹਾ ਏ। ਅੱਜ ਰਾਤ ਤੋਂ ਪੱਛਮੀ ਗੜਬੜੀ ਵੀ ਸਰਗਰਮ ਹੋਵੇਗੀ। ਇਸ ਤੋਂ ਬਾਅਦ 12 ਜਨਵਰੀ ਤੱਕ ਸੂਬੇ 'ਚ ਕਈ ਥਾਵਾਂ 'ਤੇ ਮੀਂਹ ਪੈਣ ਦੀ ਸੰਭਾਵਨਾ ਏ। ਹਾਲਾਂਕਿ, ਪਿਛਲੇ 24 ਘੰਟਿਆਂ ਵਿੱਚ ਰਾਜ ਵਿੱਚ ਔਸਤ ਵੱਧ ਤੋਂ ਵੱਧ ਤਾਪਮਾਨ ਵਿੱਚ 2.3 ਡਿਗਰੀ ਸੈਲਸੀਅਸ ਦਾ ਵਾਧਾ ਹੋਇਆ ਏ, ਜੋ ਆਮ ਦੇ ਨੇੜੇ ਆ ਰਿਹਾ ਏ। ਬਠਿੰਡਾ ਵਿੱਚ ਸਭ ਤੋਂ ਵੱਧ ਤਾਪਮਾਨ 23 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਏ। ਇਸੇ ਤਰ੍ਹਾਂ ਚੰਡੀਗੜ੍ਹ ਵਿੱਚ 18.8 ਡਿਗਰੀ ਸੈਲਸੀਅਸ ਤਾਪਮਾਨ ਦਰਜ ਕੀਤਾ ਗਿਆ ਏ। ਮੌਸਮ ਵਿਭਾਗ ਨੇ ਅੱਜ ਅੰਮ੍ਰਿਤਸਰ, ਤਰਨਤਾਰਨ, ਨਵਾਂਸ਼ਹਿਰ, ਕਪੂਰਥਲਾ, ਜਲੰਧਰ, ਲੁਧਿਆਣਾ, ਫਤਿਹਗੜ੍ਹ ਸਾਹਿਬ ਅਤੇ ਪਟਿਆਲਾ ਵਿੱਚ ਸੰਘਣੀ ਧੁੰਦ ਅਤੇ ਸੀਤ ਲਹਿਰ ਦਾ ਔਰੇਂਜ ਅਲਰਟ ਜਾਰੀ ਕੀਤਾ ਏ। ਜਦਿਕ

ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਫ਼ਿਰੋਜ਼ਪੁਰ, ਫ਼ਾਜ਼ਿਲਕਾ, ਫ਼ਰੀਦਕੋਟ, ਮੁਕਤਸਰ, ਮੋਗਾ, ਬਠਿੰਡਾ, ਬਰਨਾਲਾ, ਮਾਨਸਾ, ਸੰਗਰੂਰ, ਰੂਪਨਗਰ, ਮੋਹਾਲੀ ਅਤੇ ਮਲੇਰਕੋਟਲਾ ਵਿੱਚ ਸੰਘਣੀ ਧੁੰਦ ਦਾ ਯੈਲੋ ਅਲਰਟ ਜਾਰੀ ਕੀਤਾ ਗਿਆ ਏ।